# ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਪੰਚਾਇਤੀ ਵਿਕਾਸ ਕਾਰਜ ਮਗਨਰੇਗਾ ਜ਼ੋਬ ਕਾਰਡ ਹੋਲਡਰਾਂ ਰਾਹੀਂ ਕਰਵਾਏ ਜਾਣ:ਰਣਬੀਰ ਸਿੰਘ

## ਪਿੰਡਾਂ 'ਚ ਪਹਿਲ ਦੇ ਆਧਾਰ 'ਤੇ ਹੋਣਗੇ ਵਿਕਾਸ ਕਾਰਜ

## ਪੰਚਾਇਤੀ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

ਫਾਜ਼ਿਲਕਾ 14 ਸਤੰਬਰ

ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ੍ਰੀ ਰਣਬੀਰ ਸਿੰਘ ਮੁੱਧਲ ਵੱਲੋਂ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਸਮੂਹ ਬੀ.ਡੀ.ਪੀ.ਓਜ਼., ਪੰਚਾਇਤ ਸੈਕਟਰੀ ਅਤੇ ਮਗਨਰੇਗਾ ਸਟਾਫ਼ ਨਾਲ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਪੰਚਾਇਤ ਤੋਂ ਹੋਣ ਵਾਲੀ ਆਮਦਨ ਨੂੰ ਪੰਚਾਇਤੀ ਵਿਕਾਸ ਕਾਰਜਾਂ ਲਈ ਮਗਨਰੇਗਾ ਜ਼ੋਬ ਕਾਰਡ ਹੋਲਡਰਾਂ ਰਾਹੀਂ ਵਰਤੋਂ ਕਰਨ ਦੀ ਹਦਾਇਤ ਕੀਤੀ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪੰਚਾਇਤੀ ਜ਼ਮੀਨਾਂ ਤੋਂ ਹੋਣ ਵਾਲੀ ਆਮਦਨ ਨੂੰ ਮਗਨਰੇਗਾ ਦੇ ਕੰਮ ਨਾਲ ਬਦਲ ਕੇ ਵਿਕਾਸ ਕਾਰਜ ਕੀਤੇ ਜਾਣ ਅਤੇ ਜ਼ਿਲ੍ਹੇ ਦਾ ਬਹੁ-ਪੱਖੀ ਵਿਕਾਸ ਕੀਤਾ ਜਾਵੇ। ਉਨ੍ਹਾਂ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਮਗਨਰੇਗਾ ਸਕੀਮ ਅਧੀਨ ਪਲਾਂਟੇਸ਼ਨ, ਛੱਪੜਾਂ ਦੀ ਸਫਾਈ ਅਤੇ ਹੋਰ ਵੀ ਵਿਕਾਸ ਦੇ ਕੰਮ ਕੀਤੇ ਜਾ ਸਕਦੇ ਹਨ। ਉਨ੍ਹਾਂ ਵੱਲੋਂ ਮੀਟਿੰਗ ਵਿੱਚ ਹਾਜ਼ਰ ਸਮੂਹ ਕਰਮਚਾਰੀਆਂ ਨਾਲ ਜ਼ਿਲ੍ਹੇ 'ਚ ਚੱਲ ਰਹੇ ਤੇ ਹੋਣ ਵਾਲੇ ਵਿਕਾਸ ਕਾਰਜਾਂ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ। ਉਨ੍ਹਾਂ ਨੇ ਸਮੂਹ ਪੰਚਾਇਤ ਅਧਿਕਾਰੀਆਂ ਅਤੇ ਮਗਨਰੇਗਾ ਸਟਾਫ ਨੂੰ ਹਦਾਇਤ ਕੀਤੀ ਉਹ ਆਪਣੇ ਅਧੀਨ ਆਉਂਦੇ ਪਿੰਡਾਂ ਵਿੱਚ ਰਲ ਕੇ ਗਤੀਵਿਧੀਆਂ ਕਰਨ ਅਤੇ ਪਿੰਡਾਂ ਦਾ ਵਿਕਾਸ ਕਰਨ 'ਚ ਆਪਣਾ ਵਿਸ਼ੇਸ਼ ਯੋਗਦਾਨ ਪਾਉਣ।

ਇਸ ਮੌਕੇ ਜ਼ਿਲ੍ਹੇ ਨਾਲ ਸਬੰਧਤ ਬਲਾਕਾਂ ਦੇ ਸਮੂਹ ਬੀ.ਡੀ.ਪੀ.ਓਜ਼., ਪੰਚਾਇਤ ਸੈਕਟਰੀ ਅਤੇ ਮਗਨਰੇਗਾ ਸਟਾਫ਼ ਹਾਜ਼ਰ ਸੀ।